Dispatch No.I/26306/2020

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਯੂ ਪੀ ਦੇ 63 ਮਜ਼ਦੂਰ ਫਰੀਦਕੋਟ ਤੋਂ ਵਿਸ਼ੇਸ਼ ਬੱਸਾਂ ਰਾਹੀਂ ਰੇਲਵੇ ਸਟੇਸ਼ਨ ਫਿਰੋਜਪੁਰ ਲਈ ਰਵਾਨਾ

ਫਿਰੋਜ਼ਪੁਰ ਛਾਉਣੀ ਤੋਂ ਸਪੈਸ਼ਲ ਟਰੇਨ ਰਾਹੀਂ ਲਖਨਊ, ਝਾਂਸੀ, ਮਥੁਰਾ (ਯੂ ਪੀ) ਦੇ ਸਟੇਸ਼ਨ ਤੱਕ ਜਾਣਗੇ

ਜ਼ਿਲਾ ਅਧਿਕਾਰੀਆਂ ਨੇ (ਯੂ ਪੀ) ਦੇ ਲੋਕਾਂ ਦੇ ਚੰਗੇ ਸਫ਼ਰ ਲਈ ਕਾਮਨਾ ਕਰਕੇ ਰਵਾਨਾ ਕੀਤਾ।

ਵਾਪਸ ਜਾ ਰਹੇ ਮਜ਼ਦੂਰਾਂ ਨੇ ਜ਼ਿਲਾ ਪ੍ਰਸ਼ਾਸਨ/ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

ਜ਼ਿਲਾ ਪ੍ਰਸ਼ਾਸਨ ਵੱਲੋਂ (ਯੂ ਪੀ) ਦੇ ਵਾਪਸ ਜਾ ਰਹੇ ਲੋਕਾਂ ਨੂੰ ਦੋ ਵਕਤ ਦਾ ਖਾਣਾ ਤੇ ਹੋਰ ਸਮਾਨ ਸਫਰ ਲਈ ਦਿੱਤਾ

ਫਰੀਦਕੋਟ 20 ਮਈ ( ) ਪੰਜਾਬ ਸਰਕਾਰ ਵੱਲੋਂ ਰਾਜ ਵਿਚ ਦੂਜੇ ਰਾਜਾਂ ਦੇ ਵਸਨੀਕ ਜੋ ਕਿ ਕਰਫਿਊ ਜਾਂ ਲਾਕਡਾਊਨ ਦੌਰਾਨ ਜ਼ਿਲੇ ਵਿਚ ਫਸ ਗਏ ਸਨ ਉਨਾਂ ਨੂੰ ਉਨਾਂ ਦੇ ਗ੍ਰਹਿ ਰਾਜਾਂ ਵਿਚ ਵਾਪਿਸ ਭੇਜਣ ਲਈ ਵੱਡੀ ਪੱਧਰ ਤੇ ਮੁਹਿੰਮ ਸ਼ੁਰੂ ਕੀਤੀ ਹੋਈ ਹੈ ।ਜਿਸ ਤਹਿਤ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਦੀ ਅਗਵਾਈ ਹੇਠ ਜ਼ਿਲਾ ਪ੍ਰਸ਼ਾਸਨ ਵੱਲੋਂ  ਫਰੀਦਕੋਟ ਜ਼ਿਲੇ ਵਿਚ ਯੂ ਪੀ  ਅਤੇ ਹੋਰ ਰਾਜਾਂ ਨਾਲ ਸਬੰਧਤ ਵੱਡੀ ਗਿਣਤੀ ਵਿਚ ਉਥੋ ਦੇ ਵਸਨੀਕਾਂ ਨੂੰ ਉਨਾਂ ਦੇ ਪਿੱਤਰੀ ਰਾਜ ਵਿਚ ਵਾਪਸ ਭੇਜਿਆ ਜਾ ਰਿਹਾ ਹੈ ।ਇਸੇ ਲੜੀ ਤਹਿਤ ਅੱਜ ਬੱਸ ਅੱਡਾ ਫਰੀਦਕੋਟ ਤੋਂ ਤਿੰਨ ਬੱਸਾਂ ਯੂ.ਪੀ. ਦੇ ਮਜ਼ਦੂਰਾਂ ਨੂੰ ਲੈ ਕੇ ਫਿਰੋਜ਼ਪੁਰ ਲਈ ਰਵਾਨਾ ਕੀਤੀਆਂ ਗਈਆਂ।

ਉਪਮੰਡਲ ਮੈਜਿਸਟਰੇਟ ਸ੍ਰੀ ਪਰਮਦੀਪ ਸਿੰਘ ਵਲੋਂ ਅੱਜ ਇਥੋਂ ਦੇ ਬੱਸ ਸਟੈਂਡ ਤੋਂ ਪੀ ਆਰ ਟੀ ਸੀ ਦੀਆਂ 3 ਬੱਸਾਂ ਵਿਚ ਯੂ.ਪੀ. ਨਾਲ ਸਬੰਧਿਤ 63 ਲੋਕਾਂ ਨੂੰ ਫਿਰੋਜ਼ਪੁਰ ਲਈ ਰਵਾਨਾ ਕੀਤਾ ਗਿਆ ਜਿਥੋਂ ਇਹ ਲੋਕ ਸਪੈਸ਼ਲ ਰੇਲ ਗੱਡੀਆਂ ਰਾਹੀਂ ਲਖਨਊ, ਮਥੁਰਾ, ਝਾਂਸੀ ਆਦਿ ਸਟੇਸ਼ਨਾਂ ਤੱਕ ਜਾਣਗੇ। ਉਨ੍ਹਾਂ ਦੱਸਿਆ ਕਿ ਮਥੁਰਾ ਸਟੇਸ਼ਨ ਤੋਂ ਮੈਨਪੁਰੀ, ਫਿਰੋਜਾਬਾਦ, ਜਲੋਨ, ਝਾਂਸੀ, ਲਲਿਤਪੁਰ, ਆਗਰਾ ਅਤੇਲਖਨਊ ਸਟੇਸ਼ਨ ਤੋਂ ਹਰਦੋਈ, ਲਖਮੀਰਪੁਰ, ਕੇਹਰੀ, ਲਖਨਊ, ਰਾਏ ਬਰੇਲੀ, ਸੀਤਾਪੁਰ, ਉਨਾਓ ਆਦਿ ਜਿਲ੍ਹਿਆਂ ਦੇ ਲੋਕ ਜਾਣਗੇ। ਉਨ੍ਹਾਂ ਦੱਸਿਆ ਕਿ ਉਪਰੋਕਤ ਰੇਲ ਗੱਡੀਆਂ ਵਿੱਚ ਇਨ੍ਹਾਂ ਜਿਲ੍ਹਿਆਂ ਦੇ ਲੋਕ ਆਪਣੇ ਆਪਣੇ ਘਰਾਂ ਵਿੱਚ ਜਾ ਰਹੇ ਹਨ।

ਉਪਮੰਡਲ ਮੈਜਿਸਟਰੇਟ ਸ੍ਰੀ ਪਰਮਦੀਪ ਸਿੰਘ ਨੇ ਇਸ ਮੌਕੇ  ਦੱਸਿਆ ਕਿ ਇਨਾਂ ਮਜ਼ਦੂਰਾਂ ਵੱਲੋਂ ਪੰਜਾਬ ਸਰਕਾਰ ਦੀ ਵੈਬ-ਸਾਈਟ ਤੇ ਆਪਣੇ ਆਪ ਨੂੰ ਰਜਿਸਟਰਡ ਕੀਤਾ ਗਿਆ ਸੀ ਜਾਂ ਸਬੰਧਤ ਐਸ ਡੀ ਐਮ ਦਫਤਰ ਵਿਚ ਇਸ ਸਬੰਧੀ ਅਰਜ਼ੀ ਦਿੱਤੀ ਸੀ ।ਜਿਸ ਉਪਰੰਤ ਸਿਹਤ ਵਿਭਾਗ ਦੀਆ ਵੱਖ ਵੱਖ ਟੀਮਾਂ ਵੱਲੋਂ ਇਨਾਂ ਦੀ ਥਰਮਲ ਸਕਰੀਨਿੰਗ ਤੋਂ ਇਲਾਵਾ ਸਿਹਤ ਜਾਂਚ ਕੀਤੀ ਗਈ ਅਤੇ ਇਹ ਸਾਰੇ ਹੀ 63 ਲੋਕ ਮੈਡੀਕਲ ਫਿੱਟ ਪਾਏ ਗਏ। ਉਨਾਂ ਦੱਸਿਆ ਕਿ ਅੱਜ ਸਵੇਰੇ ਫਰੀਦਕੋਟ,ਕੋਟਕਪੂਰਾ ਅਤੇ  ਜੈਤੋ ਨਾਲ ਸਬੰਧਤ ਇਨਾਂ ਲੋਕਾਂ ਨੂੰ ਜੋ ਕਿ (ਯੂ ਪੀ) ਦੇ ਵੱਖ ਵੱਖ ਜਿਲ੍ਹਿਆਂ ਵਸਨੀਕ ਸਨ ਨੂੰ ਬੱਸ ਸਟੈਂਡ ਫਰੀਦਕੋਟ ਵਿਖੇ ਇੱਕਠਾ ਕੀਤਾ ਗਿਆ ਅਤੇ ਇਨਾਂ ਨੂੰ ਸਵੇਰੇ ਬਰੇਕ ਫਾਸਟ ਕਰਵਾਇਆ ਗਿਆ ਅਤੇ ਉਸ ਉਪਰੰਤ ਦੁਪਹਿਰ ਦਾ ਖਾਣਾ ਅਤੇ ਹੋਰ ਸੁੱਕਾ ਰਾਸ਼ਨ ਇਨਾਂ ਨੂੰ ਨਾਲ ਦਿੱਤਾ ਗਿਆ। ਉਨਾਂ ਨੇ  ਇਨਾਂ ਸਮੂਹ ਯੂ.ਪੀ. ਦੇ ਨਾਗਰਿਕਾਂ ਨੂੰ ਇਥੋ ਰਵਾਨਾ ਕੀਤਾ ਅਤੇ ਉਨਾਂ ਦੇ ਚੰਗੇ ਸਫਰ ਲਈ ਸੁਭਕਾਮਨਾਵਾਂ ਦਿੱਤੀਆਂ।

ਜ਼ਿਕਰਯੋਗ ਹੈ ਕਿ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਦੀ ਅਗਵਾਈ ਹੇਠ ਜਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਆਦੇਸ਼ਾਂ ਅਨੁਸਾਰ ਉਤਰਾਖੰਡ, ਰਾਜਸਥਾਨ, ਮੱਧ ਪ੍ਰਦੇਸ਼, ਝਾਰਖੰਡ, ਜੰਮੂ ਕਸ਼ਮੀਰ ਆਦਿ ਰਾਜਾਂ ਦੇ ਲੋਕਾਂ ਨੂੰ ਵਿਸ਼ੇਸ਼ ਬੱਸਾਂ ਅਤੇ ਰੇਲ ਗੱਡੀਆਂ ਰਾਹੀਂ ਉਨ੍ਹਾਂ ਦੇ ਪਿਤਰੀ ਰਾਜਾਂ ਵਿੱਚ ਵਾਪਸ ਭੇਜਿਆ ਜਾ ਚੁੱਕਾ ਹੈ ਤੇ ਇਹ ਸਿਲਸਿਲਾ ਲਗਾਤਾਰ ਜਾਰੀ ਹੈ।

ਇਸ ਮੌਕੇ ਵੱਡੀ ਗਿਣਤੀ ਵਿਚ ਮਜ਼ਦੂਰਾਂ ਨੇ ਦੱਸਿਆ ਕਿ ਉਹ ਕਰਫਿਊ ਤੇ ਲਾਕਡਾਊਨ ਕਾਰਨ ਆਪਣੇ ਘਰ ਵਾਪਸ ਜਾ ਰਹੇ ਹਨ ਅਤੇ ਜਦੋਂ ਵੀ ਹਾਲਾਤ ਆਮ ਵਰਗੇ ਹੋ ਗਏ ਤਾਂ ਉਹ ਵਾਪਸ ਫਰੀਦਕੋਟ ਆ ਕੇ ਆਪਣੇ ਕੰਮ ਕਾਰ ਵਿਚ ਫਿਰ ਜੁਟ ਜਾਣਗੇ ।ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਵਿੱਚ ਹੁਣ ਹਾਲਾਤ ਆਮ ਵਰਗੇ ਹੋਣੇ ਸ਼ੁਰੂ ਹੋ ਗਏ ਹਨ ਤੇ ਉਨ੍ਹਾਂ ਦੇ ਕੁਝ ਸਾਥੀਆਂ ਨੇ ਵਾਪਸ ਘਰ ਜਾਣ ਦਾ ਪਲਾਨ ਕੈਂਸਲ ਕਰ ਦਿੱਤਾ ਹੈ ।ਮਜਦੂਰਾਂ ਵੱਲੋਂ ਪੰਜਾਬ ਸਰਕਾਰ ਤੇ ਜ਼ਿਲਾ ਪ੍ਰਸ਼ਾਸਨ ਫਰੀਦਕੋਟ ਵੱਲੋਂ ਉਨਾਂ ਨੂੰ ਵਾਪਸ ਉਨਾਂ ਦੇ ਰਾਜ ਵਿਚ ਭੇਜਣ ਅਤੇ ਉਨਾਂ ਨੂੰ ਸਫਰ ਦੀਆਂ ਹੋਰ ਸੁੱਖ ਸਹੂਲਤਾਂ ਪ੍ਰਦਾਨ ਕਰਨ ਲਈ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਤੇ ਸਮੂਹ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਤਹਿਸੀਲਦਾਰ ਪਰਮਜੀਤ ਸਿੰਘ ਬਰਾੜ ਤੋਂ ਇਲਾਵਾ ਹੋਰ ਗਿਣਤੀ ਵਿਚ ਅਧਿਕਾਰੀ ਹਾਜ਼ਰ ਸਨ।

Dispatch No. I/26379/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹੇ ਦੇ ਪਿੰਡਾਂ ਵਿੱਚ 238 ਛੱਪੜਾਂ ਦੀ ਸਫਾਈ/ਨਵੀਨੀਕਰਨ ਕੀਤਾ ਜਾਵੇਗਾ-ਮਧੂਮੀਤ ਕੌਰ

ਡਵੀਜ਼ਨਲ ਡਿਪਟੀ ਡਾਇਰੈਕਟਰ ਪੰਚਾਇਤਾਂ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

ਫਰੀਦਕੋਟ 20 ਮਈ ( ) ਸ਼੍ਰੀਮਤੀ ਮਧੂਮੀਤ ਕੌਰ, ਡਵੀਜਨਲ ਡਿਪਟੀ ਡਾਇਰੈਕਟਰ, ਪੰਚਾਇਤ ਫਿਰੋਜ਼ਪੁਰ ਨੂੰ ਪੰਜਾਬ ਸਰਕਾਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਪਿੰਡਾਂ ਵਿੱਚ ਛੱਪੜਾਂ ਦੇ ਨਵੀਨੀਕਰਨ/ਡੀਵਾਟਰਿੰਗ/ਡੀਸਿਲਟਿੰਗ ਕਰਵਾਉਣ ਲਈ ਦੋ ਜਿਲ੍ਹੇ ਅਲਾਟ ਕੀਤੇ ਹਨ, ਜਿਸ ਵਿੱਚ ਜਿਲ੍ਹਾ ਫਰੀਦਕੋਟ ਵੀ ਸ਼ਾਮਲ ਹੈ। ਇਨਾਂ ਵੱਲੋ ਅੱਜ ਜਿਲ੍ਹਾ ਪ੍ਰੀਸ਼ਦ ਫਰੀਦਕੋਟ ਵਿਖੇ ਜਿਲ੍ਹਾ ਫਰੀਦਕੋਟ ਦੇ ਵਿਕਾਸ ਵਿਭਾਗ ਨਾਲ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਜਿਸ ਵਿੱਚ ਸ਼੍ਰੀ ਪ੍ਰੀਤਮਹਿੰਦਰ ਸਿੰਘ ਸਹੋਤਾ, ਵਧੀਕ ਡਿਪਟੀ ਕਮਿਸ਼ਨਰ (ਵਿ:), ਫਰੀਦਕੋਟ,ਸ਼੍ਰੀ ਬਲਜੀਤ ਸਿੰਘ ਕੈਂਥ, ਉਪ ਮੁੱਖ ਕਾਰਜਕਾਰੀ ਅਫਸਰ, ਜ਼ਿਲ੍ਹਾ ਪ੍ਰੀਸ਼ਦ, ਕਾਰਜਕਾਰੀ ਇੰਜੀਨੀਅਰ, ਪੰਚਾਇਤੀ ਰਾਜ, ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜ਼ਿਲ੍ਹਾ ਫਰੀਦਕੋਟ ਵੀ ਹਾਜ਼ਰ ਸਨ।

ਮੀਟਿੰਗ ਦੌਰਾਨ ਸ੍ਰੀਮਤੀ ਮਧੂਮੀਤ ਕੌਰ ਨੇ ਦੱਸਆ ਕਿ ਸ਼੍ਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡਾਂ ਵਿੱਚ ਛੱਪੜਾਂ ਦੀ ਨਵੀਨੀਕਰਨ/ਡੀਵਾਟਰਿੰਗ/ਡੀਸੀਲਟਿੰਗ ਕਰਨ ਲਈ ਅਧਿਕਾਰੀਆਂ ਪਾਸੋਂ ਰਿਪੋਰਟਾਂ ਪ੍ਰਾਪਤ ਕੀਤੀਆਂ ।ਉਨਾਂ ਕਿਹਾ ਕਿ ਛੱਪੜਾਂ ਦੀ ਸਫਾਈ ਦਾ ਕੰਮ ਸ਼ੁਰੂ ਹੋਣ ਨਾਲ ਵਾਤਾਵਰਣ ਵੀ ਸਾਫ ਹੋਏਗਾ।

ਜ਼ਿਲ੍ਹੇ ਫਰੀਦਕੋਟ ਵਿੱਚ ਪੈਂਦੇ ਬਲਾਕਾਂ ਅਧੀਨ 243 ਗਰਾਮ ਪੰਚਾਇਤਾਂ ਵਿੱਚ 238 ਛੱਪੜਾਂ ਦੀ ਨਵੀਨੀਕਰਨ/ਡੀਵਾਟਰਿੰਗ/ਡੀਸੀਲਟਿੰਗ ਕੀਤੀ ਜਾਣੀ ਹੈ ਅਤੇ ਹੁਣ ਤੱਕ 178 ਛੱਪੜਾ ਵਿੱਚ ਡੀਵਾਟਰਿੰਗ ਦਾ ਕੰਮ ਸ਼ੁਰੂ ਹੋ ਗਿਆ ਹੈ ਅਤੇ 2 ਛੱਪੜ ਦੀ ਡੀਸੀਲਟਿੰਗ ਕਰ ਦਿੱਤੀ ਗਈ ਹੈ। ਇਨ੍ਹਾਂ ਛੱਪੜਾਂ ਨੂੰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਨਵੀਨੀਕਰਨ/ ਡੀਵਾਟਰਿੰਗ/ ਡੀਸੀਲਟਿੰਗ ਸਮੇਂ ਸਿਰ ਮੁਕੰਮਲ ਕਰਨ ਲਈ ਸਾਰੇ ਛੱਪੜਾਂ ਦੀ ਡੀਵਾਟਰਿੰਗ 22 ਮਈ 2020 ਤੱਕ ਅਤੇ ਡੀਸੀਲਟਿੰਗ 10 ਜੂਨ 2020 ਤੱਕ ਕਰਵਾਈ ਜਾਵੇ। ਇਸ ਦੇ ਨਾਲ ਹੀ ਪੇਂਡੂ ਬੇਰੁਜ਼ਗਾਰ ਮਗਨਰੇਗਾ ਜਾਬਕਾਰਡ ਹੋਲਡਰ ਨੂੰ ਕੰਮ ਦਿੱਤਾ ਜਾਵੇਗਾ ਅਤੇ ਸਰਕਾਰ ਦੀ ਹਦਾਇਤਾਂ ਅਨੁਸਾਰ ਪਾਲਣਾ ਕਰਨ ਲਈ ਜ਼ਿਲ੍ਹੇ ਫਰੀਦਕੋਟ ਅਧੀਨ ਪੈਂਦੇ ਬਲਾਕ ਫਰੀਦਕੋਟ ਵਿੱਚ ਸ਼੍ਰੀ ਮਹੇਸ਼ ਗਰਗ, ਕਾਰਜਕਾਰੀ ਇੰਜੀਨੀਅਰ, ਪੰਚਾਇਤੀ ਰਾਜ, ਫਰੀਦਕੋਟ। ਬਲਾਕ ਕੋਟਕਪੂਰਾ ਵਿਖੇ ਸ਼੍ਰੀ ਬਲਜੀਤ ਸਿੰਘ ਕੈਂਥ, ਉੱਪ ਮੁੱਖ ਕਾਰਜਕਾਰੀ ਅਫਸਰ, ਜ਼ਿਲ੍ਹਾ ਪ੍ਰੀਸ਼ਦ, ਫਰੀਦਕੋਟ ਅਤੇ ਬਲਾਕ ਜੈਤੋ ਵਿਖੇ ਸ਼੍ਰੀਮਤੀ ਬਲਜੀਤ ਕੌਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਫਰੀਦਕੋਟ ਨੂੰ ਨੋਡਲ ਅਫਸਰ ਲਗਾਇਆ ਗਿਆ ਹੈ।

ਸਮੂਹ ਅਧਿਕਾਰੀਆਂ ਨੇ ਭਰੋਸਾ ਦਵਾਇਆ ਕਿ ਜ਼ੋ ਵੀ ਟੀਚਾ ਦਿੱਤਾ ਹੈ ਉਹ ਸਮੇਂ ਸਿਰ ਮੁਕੰਮਲ ਕੀਤਾ ਜਾਵੇਗਾ। ਮੀਟਿੰਗ ਉਪਰੰਤ ਡਵੀਜ਼ਨਲ ਡਿਪਟੀ ਡਾਇਰੈਕਟਰ ਪੰਚਾਇਤ ਵੱਲੋਂ ਜ਼ਿਲ੍ਹੇ ਫਰੀਦਕੋਟ ਦੇ ਵਿਕਾਸ ਵਿਭਾਗ ਦੇ ਅਧਿਕਾਰੀਆਂ ਨਾਲ ਤਿੰਨ ਪਿੰਡਾ (ਬੁਰਜ਼ ਮਸਤਾ, ਘੁਗਿਆਣਾ ਅਤੇ ਮਹਿਮੂਆਣਾ) ਦਾ ਦੌਰਾ ਕੀਤਾ ਗਿਆ।ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਕੋਵਿੰਡ-19 ਦੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ। ਸ਼ੋਸਲ ਡਿਸਟੈਨਸ/ਮਾਸਕ ਪਹਿਨਣ ਲਈ ਪਿੰਡ ਵਿੱਚ ਲੋਕਾ ਨੂੰ ਜਾਗਰੂਕ ਕੀਤਾ ਜਾਵੇ।

Dispatch No. I/26407/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਰੀਦਕੋਟ

# ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਮੀਟਿੰਗ ਹੋਈ

# ਅਧਿਕਾਰੀ ਸਰਵੇ ਦੇ ਕੰਮ ਮੁਕੰਮਲ ਡਾਟੇ ਨੂੰ ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਦੇ ਪੋਰਟਲ ਤੇ ਆੱਨਲਾਈਨ ਅਪਲੋਡ ਕਰਨ- ਪ੍ਰੀਤਮਹਿੰਦਰ ਸਿੰਘ ਸਹੋਤਾ

ਫ਼ਰੀਦਕੋਟ, 20 ਮਈ ( ) ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਪ੍ਰੀਤਮਹਿੰਦਰ ਸਿੰਘ ਸਹੋਤਾ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਦੌਰਾਨ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ ਕਮ ਮੈਂਬਰ ਸਕੱਤਰ ਗੁਰਮੀਤ ਸਿੰਘ ਬਰਾੜ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਅਧੀਨ ਜ਼ਿਲ੍ਹੇ ਦੇ 50 ਪ੍ਰਤੀਸ਼ਤ ਤੋਂ ਵੱਧ ਅਨੁਸੂਚਿਤ ਆਬਾਦੀ ਵਾਲੇ ਚੁਣੇ ਗਏ ਪਿੰਡਾਂ ਦੇ ਪਿੰਡ ਪੱਧਰੀ ਕਨਵਰਜੈਂਸ ਕਮੇਟੀ ਰਾਹੀਂ ਵਿਲੇਜ ਡਿਵੈਲਪਮੈਂਟ ਪਲਾਨ ਤਿਆਰ ਕਰਨ ਲਈ ਪਿੰਡਾਂ ਵਿਚ ਵੱਖ ਵੱਖ ਲਾਭਪਾਤਰੀਆਂ ਦਾ ਡਾਟਾ ਇਕੱਤਰ ਕਰਨ ਹਿੱਤ ਫਾਰਮੈਟ ਵਿਚ ਘਰ ਘਰ ਜਾ ਕੇ ਸਰਵੇ ਕਰਨ ਲਈ ਵੱਖ ਵੱਖ ਵਿਭਾਗਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਸਨ ਪਰ ਕੁਝ ਕਾਰਣਾਂ ਕਰਕੇ ਸਰਵੇ ਵਿਚ ਦੇਰੀ ਹੋ ਗਈ।

ਇਸ ਤੇ ਪ੍ਰਤੀਕਿਆਂ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਵੱਲੋਂ ਜ਼ਿਲ੍ਹੇ ਦੇ ਪਿੰਡਾਂ ਸਾਰੇ ਪਿੰਡਾਂ ਨੂੰ 07 ਕਲੱਸਟਰਾਂ ਵਿਚ ਵੰਡ ਕੇ ਕਲੱਸਟਰ ਅਧਿਕਾਰੀ ਨਿਯੁਕਤ ਕਰਕੇ ਸਰਵੇ ਕਰਨ ਦੀ ਜਿੰਮੇਵਾਰੀ ਸੌਂਪੀ ਗਈ ਅਤੇ ਸਰਵੇ ਦੇ ਕੰਮ 10 ਦਿਨਾਂ ਵਿਚ ਪੂਰਾ ਕਰਕੇ ਰਿਪੋਰਟ ਕਰਨ ਦੇ ਆਦੇਸ਼ ਦਿੱਤੇ ਗਏ ਸਨ। ਇਸ ਤੇ ਅਮਲ ਕਰਦਿਆਂ ਮੀਟਿੰਗ 'ਚ ਸਮਾਜਿਕ ਨਿਆਂ ਅਤੇ ਅਧਿਕਾਰਤਾ ਵੱਲੋਂ ਸਾਰੇ ਵਿਭਾਗਾਂ ਲਈ ਇਕ ਸਾਂਝਾਂ ਪ੍ਰੋਫਾਰਮਾ 3 ਏ ਤਿਆਰ ਕਰਕੇ ਕਲੱਸਟਰ ਅਧਿਕਾਰੀਆਂ ਨੂੰ ਸੌਂਪਿਆਂ ਗਿਆ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨੇ ਮੀਟਿੰਗ 'ਚ ਹਾਜ਼ਰ ਸਮੂਹ ਵਿਭਾਗਾਂ ਦੇ ਅਧਿਕਾਰੀਆਂ/ਨੁਮਾਇੰਦਿਆਂ ਨੂੰ ਹਿਦਾਇਤ ਕੀਤੀ ਕਿ ਉਹ ਫੀਲਡ 'ਚ ਸਰਵੇ ਕਰਨ ਵਾਲੀਆਂ ਟੀਮਾਂ ਨੂੰ ਸਹਿਯੋਗ ਕਰਨ ਅਤੇ ਪਿੰਡਾਂ ਵਿਚਲੇ ਘਰਾਂ ਦੀ ਗਿਣਤੀ ਦੇ ਹਿਸਾਬ ਨਾਲ ਕਲੱਸਟਰ ਅਧਿਕਾਰੀ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਪਾਸੋਂ ਪ੍ਰਾਪਤ ਕਰ ਲੈਣ। ਉਨ੍ਹਾਂ ਇਹ ਵੀ ਹਿਦਾਇਤ ਕੀਤੀ ਕਿ ਕਲੱਸਟਰ ਅਧਿਕਾਰੀ ਸਮੇਂ-ਸਿਰ ਸਰਵੇ ਦਾ ਕੰਮ ਮੁਕੰਮਲ ਕਰਕੇ ਕੁਲੈਕਟ ਕੀਤੇ ਡਾਟੇ ਨੂੰ ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਦੇ ਪੋਰਟਲ ਤੇ ਆੱਨਲਾਈਨ ਅਪਲੋਡ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅਗਰ ਕਿਸੇ ਅਧਿਕਾਰੀ/ਕਰਮਚਾਰੀ ਨੂੰ ਕਿਸੇ ਕਿਸਮ ਦੀ ਟ੍ਰੇਨਿੰਗ ਜਾਂ ਹੋਰ ਕੋਈ ਜਾਣਕਾਰੀ ਪ੍ਰਾਪਤ ਕਰਨੀ ਹੈ ਤਾਂ ਉਹ ਉਨ੍ਹਾਂ ਦੇ ਮੋਬਾਇਲ ਨੰਬਰ 90418-75009 ਤੇ ਸੰਪਰਕ ਕਰ ਸਕਦੇ ਹਨ।

---------